ੴ ਸਤਿਗੁਰ ਪ੍ਰਸਾਦਿ ॥
ਰਾਮਕਲੀ ਮਹਲਾ ੩ ਘਰੁ ੧ ॥

ਸਤਜੁਗਿ ਸਚੁ ਕਹੈ ਸਭੁ ਕੋਈ ॥ ਘਰਿ ਘਰਿ ਭਗਤਿ ਗੁਰਮੁਖਿ ਹੋਈ ॥ ਸਤਜੁਗਿ ਧਰਮੁ ਪੈਰ ਹੈ ਚਾਰਿ ॥ ਗੁਰਮੁਖਿ ਬੂਝੈ ਕੋ ਬੀਚਾਰਿ ॥ ੧ ॥ ਜੁਗ ਚਾਰੇ ਨਾਮਿ ਵਡਿਆਈ ਹੋਈ ॥ ਜਿ ਨਾਮਿ ਲਗੈ ਸੋ ਮੁਕਤਿ ਹੋਵੈ ਗੁਰ ਬਿਨੁ ਨਾਮੁ ਨ ਪਾਵ ਕੋਈ ॥ ੧ ॥ ਰਹਾਉ ॥ ਤ੍ਰੇਤੈ ਇਕ ਕਲ ਕੀਨੀ ਦੂਰਿ ॥ ਪਾਖੰਡੁ ਵਰਤਿਆ ਹਰਿ ਹਾਣਨਿ ਦੂਰਿ ॥ ਗੁਰਮੁਖਿ ਬੂਝੈ ਸੋਝੀ ਹੋਈ ॥ ਅੰਤਰਿ ਨਾਮੁ ਵਸੈ ਸੁਖੁ ਹੋਈ ॥ ੨ ॥ ਦੁਆਪੁਰਿ ਦੂਜੈ ਦੁਬਿਧਾ ਹੋਇ ॥ ਦੁਆਪੁਰਿ ਧਰਮਿ ਦੁਇ ਪੈਰ ਰਖਾਏ ॥ ਗੁਰਮੁਖਿ ਹੋਵੈ ਤ ਨਾਮੁ ਦ੍ਰਿੜਾਏ ॥ ੩ ॥ ਕਲਜਗਿ ਧਰਮ ਕਲਾ ਇਕ ਰਹਾਏ ॥ ਇਕ ਪੈਰਿ ਚਲੈ ਮਾਇਆ ਮੋਹੁ ਵਧਾਇ ॥ ਮਾਇਆ ਮੋਹੁ ਅਤਿ ਗੁਬਾਰੁ ॥ ਸਤਗੁਰੁ ਭੇਟੈ ਨਾਮਿ ਉਧਾਰੁ ॥ ੪ ॥ ਸਭ ਜੁਗ ਮਹਿ ਸਾਚਾ ਏਕੋ ਸੋਈ ॥ ਸਭ ਮਹਿ ਸਚੁ ਦੂਜਾ ਨਹੀ ਕੋਈ ॥ ਸਾਚੀ ਕੀਰਤਿ ਸਚੁ ਸੁਖੁ ਹੋਈ ॥ ਗੁਰਮੁਖਿ ਨਾਮੁ ਵਖਾਣੈ ਕੋਈ ॥ ੫ ॥ ਸਭ ਜੁਗ ਮਹਿ ਨਾਮੁ ਊਤਮੁ ਹੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ਹਰਿ ਨਾਮੁ ਧਿਆਏ ਭਗਤੁ ਜਨੁ ਸੋਈ ॥ ਨਾਨਕ ਜੁਗਿ ਜੁਗਿ ਨਾਮਿ ਵਡਿਆਈ ਹੋਈ ॥ ੬ ॥ ੧ ॥

(ਅੰਕ ੯੮੦)